SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 128 | Tuesday, July 04, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਟੋਰਾਂਟੋ ਤੇ ਜੀਟੀਏ ਲਈ ਹੀਟ ਵਾਰਨਿੰਗ ਜਾਰੀ



ਟੋਰਾਂਟੋ, 3 ਜੁਲਾਈ (ਪੋਸਟ ਬਿਊਰੋ) : ਐਨਵਾਇਰਮੈਂਟ ਕੈਨੇਡਾ ਵੱਲੋਂ ਟੋਰਾਂਟੋ ਤੇ ਗ੍ਰੇਟਰ ਟੋਰਾਂਟੋ ਏਰੀਆ ਲਈ ਹੀਟ ਵਾਰਨਿੰਗ ਜਾਰੀ ਕੀਤੀ ਗਈ ਹੈ। ਇਸ ਨਾਲ ਹਵਾ ਵਿੱਚ ਤਪਿਸ਼ ਤੇ ਨਮੀ ਬਣੀ ਰਹੇਗੀ। ਮੰਗਲਵਾਰ ਤੋਂ ਲੈ ਕੇ ਵੀਰਵਾਰ ਤੱਕ ਦਿਨ ਵੇਲੇ ਦਾ ਤਾਪਮਾਨ ਰੋਜ਼ਾਨਾ 30 ਡਿਗਰੀ ਸੈਲਸੀਅਸ ਤੱਕ ਰਹਿਣ ਦੀ ਸੰਭਾਵਨਾ ਹੈ। ਪਰ ਇਹ 37 ਤੋਂ 40 ਡਿਗਰੀ ਤੱਕ ਮਹਿਸੂਸ ਹੋ ਸਕਦਾ ਹੈ। ਰਾਤ ਵੇਲੇ ਤਾਪਮਾਨ 20 ਡਿਗਰੀ ਦੇ ਨੇੜੇ ਤੇੜੇ ਰਹਿਣ ਦੀ ਪੇਸ਼ੀਨਿਗੋਈ ਕੀਤੀ ਗਈ ਹੈ।ਏਜੰਸੀ ਵੱਲੋਂ ਅਜਿਹੇ ਗਰਮ ਮੌਸਮ ਵਿੱਚ ਖੁਦ ਨੂੰ ਠੰਢਾ ਰੱਖਣ ਤੇ ਵਾਰੀ ਵਾਰੀ ਤਰਲ ਪਦਾਰਥ ਲੈਣ ਦੀ ਸਲਾਹ ਦਿੱਤੀ ਗਈ ਹੈ। ਗਰਮ ਤਾਪਮਾਨ ਕਾਰਨ ਹਵਾ ਦਾ ਮਿਆਰ ਵੀ ਘੱਟ ਸਕਦਾ ਹੈ। ਇਹ ਵੀ ਚੇਤਾਵਨੀ ਦਿੱਤੀ ਗਈ ਹੈ ਕਿ ਅਜਿਹੇ ਮੌਸਮ ਵਿੱਚ ਆਪਣੇ ਪਾਲਤੂਆਂ ਜਾਂ ਲੋਕਾਂ ਨੂੰ ਥੋੜ੍ਹੀ ਦੇਰ ਲਈ ਵੀ ਕਾਰਾਂ ਵਿੱਚ ਬੰਦ ਨਾ ਰਹਿਣ ਦਿੱਤਾ ਜਾਵੇ ਕਿਉਂਕਿ ਕਾਰਾਂ ਦੇ ਅੰਦਰ ਦਾ ਤਾਪਮਾਨ ਬੜੀ ਤੇਜ਼ੀ ਨਾਲ ਵੱਧਦਾ ਹੈ।

## ਸੀਆਰਏ ਨੇ ਆਪਣੇ 20 ਮੁਲਾਜ਼ਮਾਂ ਦੀ ਕੀਤੀ ਛਾਂਗੀ

ਓਟਵਾ, 3 ਜੁਲਾਈ (ਪੋਸਟ ਬਿਊਰੋ) : ਕੈਨੇਡਾ ਰੈਵਨਿਊ ਏਜੰਸੀ (ਸੀਆਰਏ) ਨੇ ਆਪਣੇ ਕਈ ਮੁਲਾਜ਼ਮਾਂ ਦੀ ਛਾਂਗੀ ਕਰ ਦਿੱਤੀ ਹੈ ਤੇ ਕਈ ਹੋਰਨਾਂ ਖਿਲਾਫ ਏਜੰਸੀ ਵੱਲੋਂ ਅੰਦਰੂਨੀ ਜਾਂਚ ਕਰਵਾਈ ਜਾ ਰਹੀ ਹੈ। ਏਜੰਸੀ ਵੱਲੋਂ ਕੀਤੀ ਗਈ ਅੰਦਰੂਨੀ ਜਾਂਚ ਤੋਂ ਸਾਹਮਣੇ ਆਇਆ ਕਿ ਇਸ ਦੇ ਕੁੱਝ ਮੁਲਾਜ਼ਮਾਂ ਵੱਲੋਂ ਕੈਨੇਡਾ ਐਮਰਜੰਸੀ ਰਿਸਪਾਂਸ ਬੈਨੇਫਿਟ (ਸੀਈਆਰਬੀ) ਸਬੰਧੀ ਅਦਾਇਗੀਆਂ ਆਪ ਹੀ ਲੈ ਲਈਆਂ ਗਈਆ ਸਨ।

30 ਜੂਨ ਨੂੰ ਏਜੰਸੀ ਵੱਲੋਂ ਇਸ ਗੱਲ ਦੀ ਪੁਸ਼ਟੀ ਕੀਤੀ ਗਈ ਕਿ ਉਸ ਵੱਲੋਂ ਅੰਦਰੂਨੀ ਮੁਲਾਂਕਣ ਤੋਂ ਬਾਅਦ ਆਪਣੇ 20 ਮੁਲਾਜ਼ਮਾਂ ਦੀ ਛਾਂਗੀ ਕਰ ਦਿੱਤੀ ਗਈ ਹੈ ਤੇ ਇਸ ਜਾਂਚ ਦੇ ਮੁਕੰਮਲ ਹੋਣ ਤੋਂ ਬਾਅਦ ਛਾਂਗੀ ਕੀਤੇ ਜਾਣ ਵਾਲੇ ਮੁਲਾਜ਼ਮਾਂ ਦੀ ਗਿਣਤੀ ਵਿੱਚ ਵਾਧਾ ਹੋਣ ਦੀ ਸੰਭਾਵਨਾ ਵੀ ਏਜੰਸੀ ਵੱਲੋਂ ਪ੍ਰਗਟਾਈ ਗਈ।ਇੱਕ ਬਿਆਨ ਵਿੱਚ ਸੀਆਰਏ ਲਈ ਮੀਡੀਆ ਰਿਲੇਸ਼ਨਜ਼ ਦਾ ਧਿਆਨ ਰੱਖਣ ਵਾਲੀ ਸਿਲਵੀ ਬ੍ਰਾਂਚ ਨੇ ਆਖਿਆ ਕਿ ਸੀਆਰਏ ਵੱਲੋਂ ਵੱਡੀ ਪੱਧਰ ਉੱਤੇ ਇਸ ਸਬੰਧੀ ਜਾਂਚ ਸ਼ੁਰੂ ਕੀਤੀ ਗਈ ਹੈ ਕਿ ਉਨ੍ਹਾਂ ਦੇ ਕਿਸੇ ਮੁਲਾਜ਼ਮ ਵੱਲੋਂ ਸੀਆਰਏ ਨਾਲ ਕੰਮ ਕਰਦੇ ਸਮੇਂ ਗਲਤ ਢੰਗ ਨਾਲ ਸੀਈਆਰਬੀ ਤਾਂ ਹਾਸਲ ਨਹੀਂ ਕੀਤੀ। ਉਨ੍ਹਾਂ ਆਖਿਆ ਕਿ ਇਸ ਸਮੇਂ ਅਸੀਂ ਆਪਣੇ ਬਹੁਤ ਘੱਟ ਮੁਲਾਜ਼ਮਾਂ ਦੀ ਜਾਂਚ ਕਰ ਰਹੇ ਹਾਂ, ਜੋ ਕਿ ਸੀਆਰਏ ਦੀ ਕੁੱਲ ਵਰਕਫੋਰਸ ਦਾ ਇੱਕ ਫੀ ਸਦੀ ਬਣਦਾ ਹੈ।





ਉਨ੍ਹਾਂ ਸਪਸ਼ਟ ਕਰਦਿਆਂ ਆਖਿਆ ਕਿ ਸੀਆਰਏ ਦਾ ਮੌਜੂਦਾ ਮੁਲਾਜ਼ਮ ਹੁੰਦਿਆਂ ਕੋਈ ਸੀਈਆਰਬੀ ਹਾਸਲ ਨਹੀਂ ਕਰ ਸਕਦਾ, ਅਜਿਹਾ ਨਹੀਂ ਹੈ। ਹਰੇਕ ਕੇਸ ਦੀ ਜਾਂਚ ਵੱਖਰੇ ਢੰਗ ਨਾਲ ਕੀਤੀ ਜਾ ਰਹੀ ਹੈ। ਸੀਆਰਏ ਦੇ ਕਈ ਮੁਲਾਜ਼ਮਾਂ ਦੀਆਂ ਵੱਖ ਵੱਖ ਇੰਪਲੌਇਮੈਂਟ ਪ੍ਰੋਫਾਈਲਜ਼ ਹਨ ਜਿਵੇਂ ਕਿ ਟੈਂਪਰੇਰੀ ਤੇ ਸਟੂਡੈਂਟ ਕਾਂਟਰੈਕਟ ਆਦਿ। ਅਜਿਹੇ ਮੁਲਾਜ਼ਮ ਉਸ ਸਮੇਂ ਸੀਈਆਰਬੀ ਹਾਸਲ ਕਰਨ ਲਈ ਯੋਗ ਸਨ ਜਦੋਂ ਇਹ ਉਪਲਬਧ ਸੀ।ਜੇ ਕੋਈ ਮੁਲਾਜ਼ਮ ਜਾਅਲਸਾਜ਼ੀ ਨਾਲ ਇਹ ਲਾਹਾ ਲੈਂਦਾ ਪਾਇਆ ਜਾਂਦਾ ਹੈ ਤਾਂ ਉਸ ਨੂੰ ਨੌਕਰੀ ਤੋਂ ਕੱਢ ਦਿੱਤਾ ਜਾਵੇਗਾ ਤੇ ਹਰੇਕ ਮੁਲਾਜ਼ਮ ਲਈ ਵੱਖਰੀ ਸਜ਼ਾ ਹੋ ਸਕਦੀ ਹੈ। ਮੁਲਾਜ਼ਮ ਭਰੋਸੇਯੋਗਤਾ ਸਬੰਧੀ ਆਪਣਾ ਸਟੇਟਸ ਵੀ ਗੁਆ ਸਕਦੇ ਹਨ ਜਦਕਿ ਸੀਆਰਏ ਵਿੱਚ ਕੰਮ ਕਰਨ ਦੀ ਇਹ ਸੱਭ ਤੋਂ ਪਹਿਲੀ ਸ਼ਰਤ ਹੈ।

## ਕੈਨੇਡਾ ਵਿੱਚ ਰਹਿਣ ਲਈ ਬੈਰੀ ਸੱਭ ਤੋਂ ਸੁਰੱਖਿਅਤ ਤੇ ਵਿਨੀਪੈਗ ਸੱਭ ਤੋਂ ਘੱਟ ਸੁਰੱਖਿਅਤ ਥਾਂ

ਓਟਵਾ, 3 ਜੁਲਾਈ (ਪੋਸਟ ਬਿਊਰੋ) : ਕੈਨੇਡੀਅਨ ਸਿਟੀਜ਼ ਦੀ ਸੇਫਟੀ ਤੇ ਸਕਿਊਰਿਟੀ ਸਬੰਧੀ ਨਵਾਂ ਡਾਟਾ ਜਾਰੀ ਕੀਤਾ ਗਿਆ ਹੈ।

ਕਿਰਾਏ ਉੱਤੇ ਘਰ ਦੇਣ ਵਾਲੀ ਇੱਕ ਸਾਈਟ ਰੈਂਟੋਲਾ ਦਾ ਕਹਿਣਾ ਹੈ ਕਿ ਉਨਾਂ ਵੱਲੋਂ ਇਹ ਡਾਟਾ ਕੈਨੇਡੀਅਨਜ਼ ਦੀ ਮਦਦ ਲਈ ਜਾਰੀ ਕੀਤਾ ਗਿਆ ਹੈ ਤਾਂ ਕਿ ਰਹਿਣ ਲਈ ਥਾਂ ਚੁਣਨ ਤੋਂ ਪਹਿਲਾਂ ਉਨ੍ਹਾਂ ਨੂੰ ਉੱਥੋਂ ਬਾਰੇ ਥੋੜ੍ਹਾ ਆਈਡੀਆ ਹੋ ਸਕੇ। ਇਸ ਸਾਈਟ ਵੱਲੋਂ ਕੈਨੇਡੀਅਨ ਸਿਟੀਜ਼ ਦੇ ਸੇਫਟੀ ਸਬੰਧੀ ਵੱਖ ਵੱਖ ਕਾਰਕਾਂ ਨੂੰ ਧਿਆਨ ਵਿੱਚ ਰੱਖਿਆ ਗਿਆ ਹੈ, ਜਿਨ੍ਹਾਂ ਵਿੱਚ ਪੁਲਿਸ ਫੋਰਸ, ਐਮਰਜੰਸੀ ਰਿਸਪਾਂਸ ਸਿਸਟਮ ਤੇ ਕਮਿਊਨਿਟੀ ਦੀ ਸ਼ਮੂਲੀਅਤ ਵਾਲੇ ਪ੍ਰੋਗਰਾਮਾਂ ਲਈ ਕੀਤੀਆਂ ਜਾਣ ਵਾਲੀਆਂ ਪਹਿਲਕਦਮੀਆਂ ਆਦਿ ਸ਼ਾਮਲ ਹਨ।



ਸੇਫਟੀ ਇੰਡੈਕਸ ਦੇ ਹਿਸਾਬ ਨਾਲ ਓਨਟਾਰੀਓ ਦੀਆਂ ਸਿਟੀਜ਼ ਵਿੱਚ ਬੈਰੀ ਨੂੰ ਸੱਭ ਤੋਂ ਸੁਰੱਖਿਅਤ ਸਿਟੀ ਦਾ ਦਰਜਾ ਹਾਸਲ ਹੋਇਆ ਹੈ। ਉਸ ਨੂੰ 10 ਵਿੱਚੋਂ 7.13 ਅੰਕ ਹਾਸਲ ਹੋਏ। 6.63 ਦੀ ਰੇਟਿੰਗ ਨਾਲ ਟੋਰਾਂਟੋ ਚੌਥੇ ਸਥਾਨ ਉੱਤੇ ਰਿਹਾ, ਬ੍ਰੈਂਟਫੋਰਡ ਤੇ ਗੁਐਲਫ ਤੀਜੇ ਸਥਾਨ ਉੱਤੇ ਰਹੇ। ਪਹਿਲੇ ਦਸ ਸੁਰੱਖਿਅਤ ਸਿਟੀਜ਼ ਵਿੱਚੋਂ ਦੋ ਸਿਟੀਜ਼ ਸੇਂਟ ਜੋਨਜ਼, ਨਿਊ ਬਰੰਜ਼ਵਿੱਕ ਤੇ ਲੈੱਥਬ੍ਰਿੱਜ, ਅਲਬਰਟਾ ਹੀ ਹਨ ਜਿਹੜੀਆਂ ਓਨਟਾਰੀਓ ਤੋਂ ਬਾਹਰ ਦੀਆਂ ਹਨ।

ਭਾਵੇਂ ਲੈੱਥਬ੍ਰਿੱਜ ਪਹਿਲੇ 10 ਸ਼ਹਿਰਾਂ ਵਿੱਚ ਸ਼ੁਮਾਰ ਹੈ ਪਰ ਇਸ ਦੇ ਬਾਵਜੂਦ ਰੈਂਟੋਲਾ ਦਾ ਕਹਿਣਾ ਹੈ ਕਿ ਅਲਬਰਟਾ ਦੇ ਇਸ ਦੱਖਣੀ ਸ਼ਹਿਰ ਵਿੱਚ ਕ੍ਰਾਈਮ ਰੇਟ ਪੂਰੇ ਦੇਸ਼ ਨਾਲੋਂ ਵੱਧ ਹੈ। ਇਸ ਸੂਚੀ ਵਿੱਚ ਵਿਨੀਪੈਗ, ਕੈਲੋਅਨਾ ਤੇ ਥੰਡਰ ਬੇਅ ਆਖਰੀ ਪਾਏਦਾਨ ਉੱਤੇ ਹਨ। ਇਨ੍ਹਾਂ ਤਿੰਨਾਂ ਸਿਟੀਜ਼ ਦਾ ਸੇਫਟੀ ਲੈਵਲ ਵੀ 5 ਨਾਲੋਂ ਘੱਟ ਹੈ। ਕੈਨੇਡਾ ਦੀਆਂ ਵੱਡੀਆਂ ਸਿਟੀਜ਼ ਜਿਵੇਂ ਕਿ ਮਾਂਟਰੀਅਲ, ਵੈਨਕੂਵਰ, ਕੈਲਗਰੀ ਤੇ ਐਡਮੰਟਨ ਕ੍ਰਮਵਾਰ 12ਵੇਂ, 18ਵੇਂ, 20ਵੇਂ ਤੇ 21ਵੇਂ ਸਥਾਨ ਉੱਤੇ ਆਈਆਂ ਹਨ।

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

INSURANCE
Home · Auto · Business · Trucking · Life Insurance · Commercial
647-206-2452
Sukhwinder K Singh
CONNEX
7050A Bramalea Rd, Unit # 13, Mississauga, ON L5S 1T1

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6 Brampton, ON, L6P 3W4
Open Saturday
Providing excellent quality legal services to our clients

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL (Government Approved Licensed Technician)
416 938 4598

KELLEY LAW OFFICE
Immigration · Real Estate
Family Law · Business Closing
Corporate · Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜ਼ਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
905-362-0755

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

$3199
SUPER! SAVINGS FOR SUPER DADS
$1699
$5299*
5.2 CU FT. CAPACITY (AI WASH)
7.4 CU FT. CAPACITY (REVERSIBLE DOOR)
CAFÉ · KitchenAid · MAYTAG · LG · SAMSUNG · Electrolux · JENNAIR · BOSCH · Whirlpool · moffat
5781 Highway 7 Unit 10 Vaughan, ON L4L 1T8 (416) 477-5556 | 44 Fasken Dr, #2-9 Etobicoke, ON M9W 5M8 (416) 792-0877 | Unit #1, 241 Clarence St Brampton, On L6W 3E7 (416) 551-3343 | Unit #4 -1540 Fanshawe Park Road West London, On N6H 5L8 (519) 641-1010 | Unit #6 - 410 Lewis Road Stoney Creek, On L8E 5Y7 (905) 643-0818 | 1050 Speers Road Oakville, On L6L 2X4 (416) 613-0555
416-551-5553
WWW.OURRHOMEAPPLIANCES.COM

Allstate. You're in good hands.
Insurance
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca
Trademark used under licence by Allstate Insurance Company. 232374 | 6-23

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca · topinsuranceservices.ca

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axel InsuranceBrokers Ltd.
1332 Khalsa Dr, Unit # 11, Mississauga, ON L5S 0A2

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਣਾਉਣ ਲਈ
ਹੁਣੇ ਹੀ ਕਾਲ ਕਰੋ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜ਼ਸਬੀਰ ਹੁੰਦਲ ਨੂੰ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available
1888 864 3131
Jasbir Singh Hundal Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
AvonFinancial Inc.
Brokerage Lic. 12538
Cell: 416-841-4218 Tel: 905-216-5563
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

CN Forklift Training Center
Counterbalance All Types · Walkie pallet Low Lift · Electric Motor Narrow Aisle Reach · Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

ਨਵਾਂ ਘਾਹ ਲਵਾਉ
647-784-1213
www.aaalandscaping.ca
1 ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2 ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3 ਨਵਾਂ ਘਾਹ ਲਵਾਉ
4 ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਪਰਿਵਾਰਕ ਇੱਕਠ ਵਿੱਚ ਰਿਸ਼ਤੇਦਾਰ ਨੇ ਹੀ ਚਾਕੂ ਮਾਰ ਕੇ 16 ਸਾਲਾ ਲੜਕੇ ਦਾ ਕੀਤਾ ਕਤਲ

ਹੈਮਿਲਟਨ, 3 ਜੁਲਾਈ (ਪੋਸਟ ਬਿਊਰੋ) : ਈਸਟ ਮਾਊਨਟੇਨ ਏਰੀਆ ਵਿੱਚ ਇੱਕ ਪਰਿਵਾਰਕ ਇੱਕਠ ਦੌਰਾਨ 16 ਸਾਲਾ ਲੜਕੇ ਨੂੰ ਉਸ ਦੇ ਰਿਸ਼ਤੇਦਾਰ ਨੇ ਚਾਕੂ ਮਾਰ ਕੇ ਮਾਰ ਸੁੱਟਿਆ।



ਜਾਂਚਕਾਰਾਂ ਨੂੰ ਰਾਤੀਂ 10:00 ਵਜੇ ਤੋਂ ਬਾਅਦ ਕੈਧਮ ਬੁਲੇਵਾਰਡ ਉੱਤੇ ਸਥਿਤ ਇੱਕ ਘਰ ਵਿੱਚ ਸੱਦਿਆ ਗਿਆ। ਇੱਥੇ ਇੱਕ 22 ਸਾਲਾ ਲੜਕੇ ਨੇ ਪਰਿਵਾਰਕ ਇੱਕਠ ਦੌਰਾਨ ਰਿਸ਼ਤੇਦਾਰੀ ਵਿੱਚ ਆਪਣੇ ਹੀ ਭਰਾ ਲੱਗਦੇ 16 ਸਾਲਾ ਲੜਕੇ ਦੀ ਚਾਕੂ ਮਾਰ ਕੇ ਜਾਨ ਲੈ ਲਈ। ਜ਼ਖ਼ਮੀ ਹਾਲਤ ਵਿੱਚ ਲੜਕੇ ਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਜ਼ਖ਼ਮਾਂ ਦੀ ਤਾਬ ਨਾ ਸਹਾਰਦਿਆਂ ਹੋਇਆਂ ਉਹ ਦਮ ਤੋੜ ਗਿਆ। ਹੈਮਿਲਟਨ ਪੁਲਿਸ ਨੇ ਦੱਸਿਆ ਕਿ ਮਸ਼ਕੂਕ ਤੇ ਮਾਰਿਆ ਗਿਆ ਲੜਕਾ ਕਜ਼ਨਜ਼ ਸਨ। ਇਹ ਘਟਨਾ ਉਸ ਘਰ ਵਿੱਚ ਵਾਪਰੀ ਜਿੱਥੇ ਮਸ਼ਕੂਕ ਰਹਿੰਦਾ ਸੀ। ਘਟਨਾ ਮੌਕੇ 12 ਤੋਂ 15 ਲੋਕ ਘਰ ਵਿੱਚ ਮੌਜੂਦ ਸਨ। ਕਾਰੇ ਨੂੰ ਅੰਜਾਮ ਦੇਣ ਤੋਂ ਬਾਅਦ ਮਸ਼ਕੂਕ ਮੌਕੇ ਤੋਂ ਫਰਾਰ ਹੋ ਗਿਆ। ਪਰ ਕਮਿਊਨਿਟੀ ਮੈਂਬਰ ਵੱਲੋਂ ਦਿੱਤੀ ਗਈ ਸੂਹ ਤੋਂ ਬਾਅਦ ਸੋਮਵਾਰ ਸਵੇਰੇ 9:00 ਵਜੇ ਮਸ਼ਕੂਕ ਨੂੰ ਗੱਡੀ ਸਮੇਤ ਲੋਕੇਟ ਕਰ ਲਿਆ ਗਿਆ। ਇਸ ਮਗਰੋਂ ਲੌਰੈਨੀਓ ਬਿਸਤੋਯੋਗ ਨੂੰ ਫਰਸਟ ਡਿਗਰੀ ਮਰਡਰ ਲਈ ਚਾਰਜ ਕੀਤਾ ਗਿਆ। ਪਰਿਵਾਰ ਦੀ ਬੇਨਤੀ ਉੱਤੇ ਮ੍ਰਿਤਕ ਦਾ ਨਾਂ ਜਾਰੀ ਨਹੀਂ ਕੀਤਾ ਗਿਆ।

ਜਾਂਚਕਾਰਾਂ ਨੇ ਦੱਸਿਆ ਕਿ ਛੁਰੇਬਾਜ਼ੀ ਤੋਂ ਪਹਿਲਾਂ ਦਿਨ ਵੇਲੇ ਮ੍ਰਿਤਕ ਤੇ ਮਸ਼ਕੂਕ ਦਰਮਿਆਨ ਕਿਸੇ ਗੱਲ ਨੂੰ ਲੈ ਕੇ ਬਹਿਸ ਵੀ ਹੋਈ ਸੀ। ਪਰ ਇਸ ਬਾਰੇ ਹੋਰ ਜਾਣਕਾਰੀ ਜਾਰੀ ਨਹੀਂ ਕੀਤੀ ਗਈ।

# ਧੌਣ ਉੱਤੇ ਚਾਕੂ ਨਾਲ ਕੀਤੇ ਗਏ ਵਾਰ ਕਾਰਨ ਇੱਕ ਜ਼ਖ਼ਮੀ

ਟੋਰਾਂਟੋ, 3 ਜੁਲਾਈ (ਪੋਸਟ ਬਿਊਰੋ) : ਸੋਮਵਾਰ ਨੂੰ ਟੋਰਾਂਟੋ ਦੇ ਰਿਵਰਡੇਲ ਇਲਾਕੇ ਵਿੱਚ ਧੌਣ ਉੱਤੇ ਚਾਕੂ ਨਾਲ ਕੀਤੇ ਗਏ ਵਾਰ ਕਾਰਨ ਇੱਕ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ।

ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ ਸ਼ਾਮੀਂ 5:30 ਵਜੇ ਤੋਂ ਪਹਿਲਾਂ ਬਲੇਕ ਸਟਰੀਟ ਤੇ ਬੋਲਟਬੀ ਐਵਨਿਊ ਏਰੀਆ ਵਿੱਚ ਇੱਕ ਵਿਅਕਤੀ ਦੇ ਛੁਰੇਬਾਜ਼ੀ ਵਿੱਚ ਜ਼ਖ਼ਮੀ ਹੋਣ ਦੀਆਂ ਖਬਰਾਂ ਮਿਲੀਆਂ। ਮੌਕੇ ਉੱਤੇ ਪਹੁੰਚੇ ਪੁਲਿਸ ਅਧਿਕਾਰੀਆਂ ਨੂੰ ਇੱਕ ਵਿਅਕਤੀ ਗਲੇ ਵਿੱਚ ਚਾਕੂ ਨਾਲ ਕੀਤੇ ਵਾਰ ਕਾਰਨ ਜ਼ਖ਼ਮੀ ਹਾਲਤ ਵਿੱਚ ਮਿਲਿਆ।



ਪੈਰਾਮੈਡਿਕਸ ਵੱਲੋਂ ਉਸ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ, ਜਿੱਥੇ ਉਸ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਜਾਂਦੀ ਹੈ। ਅਜੇ ਤੱਕ ਕਿਸੇ ਮਸ਼ਕੂਕ ਸਬੰਧੀ ਜਾਣਕਾਰੀ ਜਾਰੀ ਨਹੀਂ ਕੀਤੀ ਗਈ ਹੈ ਪਰ ਪੁਲਿਸ ਨੇ ਦੱਸਿਆ ਕਿ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਅੱਜ ਨਾਮਾ

ਕੱਟ ਲਈ ਕਿਸੇ ਨੇ ਕਿਸੇ ਦੀ ਗੰਢ ਸੁਣਿਆ,
ਸਿਆਸੀ ਧਾੜੇ ਦੀ ਸੁਣੀ ਗਈ ਗੱਲ ਮੀਆਂ।
ਰਾਤੀਂ ਚਾਚੇ ਨਾਲ ਸੁੱਤਾ ਸੀ ਡਿਨਰ ਕਰ ਕੇ,
ਸੁਬਹਾ ਨੂੰ ਵੱਖਰਾ ਰਾਹ ਲਿਆ ਮੱਲ ਮੀਆਂ।
ਪਹਿਲਾਂ ਜਿਨ੍ਹਾਂ ਨੂੰ ਬਹੁਤ ਸੀ ਬੁਰੇ ਕਹਿੰਦਾ,
ਤੁਰ ਪਿਆ ਉਨ੍ਹਾਂ ਦੇ ਦਰਾਂ ਦੇ ਵੱਲ ਮੀਆਂ।
ਰਾਜਨੀਤੀ ਵਿੱਚ ਪਲਟੀ ਇਹ ਸੁਣਨ ਪਿੱਛੋਂ,
ਲਾਹੁੰਦੇ ਫਿਰਨ ਕਈ ਵਾਲ਼ ਦੀ ਖੱਲ ਮੀਆਂ।
ਕਿਉਂ ਕੋਈ ਗੱਲ ਜਾਂ ਕਿੱਦਾਂ ਹੈ ਸੋਚ ਕਰਨੀ,
ਹਰ ਕੋਈ ਲੱਭੇ ਪਿਆ ਆਪਣਾ ਰਾਹ ਮੀਆਂ।
ਜਿੱਧਰ ਝਾਕ ਦਿੱਸਦੀ, ਓਧਰ ਖਿਸਕ ਜਾਂਦਾ,
ਉਡਦੀ ਤੇ ਉੱਡੀ ਜਾਏ ਖੇਹ-ਸਵਾਹ ਮੀਆਂ।

**ਤੀਸ ਮਾਰ ਖਾਂ**

# ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਕਿਸਾਨਾਂ ਨੂੰ ਮੂੰਗੀ ਦੀ ਫ਼ਸਲ ਪਕਾਉਣ ਲਈ ਖ਼ਤਰਨਾਕ ਕੈਮੀਕਲ 'ਪੈਰਾਕੁਆਟ' ਨਾ ਵਰਤਣ ਦੀ ਅਪੀਲ

ਚੰਡੀਗੜ੍ਹ, 3 ਜੁਲਾਈ (ਪੋਸਟ ਬਿਊਰੋ): ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਪੰਜਾਬ ਦੇ ਕਿਸਾਨਾਂ ਵੱਲੋਂ ਮੂੰਗੀ ਦੀ ਫ਼ਸਲ ਪਕਾਉਣ ਲਈ ਖ਼ਤਰਨਾਕ ਕੈਮੀਕਲ 'ਪੈਰਾਕੁਆਟ' ਨਾ ਵਰਤਣ ਦੀ ਅਪੀਲ ਕੀਤੀ ਹੈ।

ਸੰਧਵਾਂ ਨੇ ਕਿਸਾਨਾਂ ਵੱਲੋਂ ਖ਼ਤਰਨਾਕ ਕੈਮੀਕਲ ਵਰਤਣ ਦੇ ਰੁਝਾਨ ਸਬੰਧੀ ਚਿੰਤਾ ਜ਼ਾਹਰ ਕਿਹਾ ਹੈ ਕਿ ਅੱਜ ਦੇ ਦੌਰ ਵਿੱਚ ਖੇਤੀ ਉਤਪਾਦਨ ਲਈ ਵੱਖ-ਵੱਖ ਰਸਾਇਣਾਂ ਦੀ ਵਧੇਰੇ ਵਰਤੋਂ ਕੈਂਸਰ ਵਰਗੀਆਂ ਭਿਆਨਕ ਬਿਮਾਰੀਆਂ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਕੁੱਝ ਕਿਸਾਨ ਮੂੰਗੀ ਦੀ ਫ਼ਸਲ ਨੂੰ ਕੁਦਰਤੀ ਤੌਰ 'ਤੇ ਪਕਾਉਣ ਦੀ ਥਾਂ 'ਪੈਰਾਕੁਆਟ' ਕੈਮੀਕਲ ਦੀ ਸਪਰੇਅ ਕਰਕੇ ਸੁਕਾਉਣ ਨੂੰ ਤਰਜੀਹ ਦੇ ਲੱਗੇ ਹਨ। ਉਨ੍ਹਾਂ ਕਿਹਾ ਕਿ ਇਹ ਕੈਮੀਕਲ ਜਿੱਥੇ ਫ਼ਸਲ ਲਈ ਨੁਕਸਾਨਦੇਹ ਹੈ, ਉੱਥੇ ਹੀ ਮਨੁੱਖ ਦੀ ਸਿਹਤ ਲਈ ਵੀ ਬਹੁਤ ਖ਼ਤਰਨਾਕ ਹੈ।

ਸੰਧਵਾਂ ਨੇ ਅੱਗੇ ਕਿਹਾ ਕਿ ਛੇਤੀ ਝੋਨਾ ਲਾਉਣ ਲਈ ਕਿਸਾਨ ਮੂੰਗੀ ਨੂੰ ਵੱਢ ਕੇ ਸੁਕਾਉਣ ਦੀ ਥਾਂ ਖੜ੍ਹੀ ਫ਼ਸਲ ਉੱਪਰ ਸਪਰੇਅ ਕਰਕੇ 2-3 ਦਿਨ ਵਿੱਚ ਸੁਕਾਉਣ ਅਤੇ ਆਪਣਾ ਖ਼ਰਚ ਘਟਾਉਣ ਨੂੰ ਤਰਜੀਹ ਦੇ ਰਹੇ ਹਨ। ਉਨ੍ਹਾਂ ਕਿਹਾ ਕਿ 'ਪੈਰਾਕੁਆਟ' ਕੈਮੀਕਲ ਨਦੀਨਾਂ ਦੇ ਖ਼ਾਤਮੇ ਲਈ ਵਰਤਿਆਂ ਜਾਣ ਵਾਲਾ ਕੈਮੀਕਲ ਹੈ। ਉਨ੍ਹਾਂ ਕਿਹਾ ਕਿ ਖੇਤੀਬਾੜੀ ਵਿਭਾਗ ਜਾਂ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਇਸ ਕੈਮੀਕਲ ਦੀ ਸਿਫ਼ਾਰਸ਼ ਨਹੀਂ ਕੀਤੀ, ਸਗੋਂ ਕਿਸਾਨ ਸਮੇਂ ਦੀ ਘਾਟ ਕਾਰਨ ਅਜਿਹਾ ਕਰ ਰਹੇ ਹਨ। ਸੰਧਵਾਂ ਨੇ ਸੂਬੇ ਦੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਹੈ ਕਿ ਉਹ ਵਡੇਰੇ ਲੋਕ ਹਿੱਤ ਮੁੱਖ ਰੱਖਦਿਆਂ 'ਪੈਰਾਕੁਆਟ' ਕੈਮੀਕਲ ਦੀ ਵਰਤੋਂ ਕਰਨ ਤੋਂ ਗੁਰੇਜ਼ ਕਰਨ ਅਤੇ ਰਵਾਇਤੀ ਢੰਗ ਨਾਲ ਮੂੰਗੀ ਦੀ ਫ਼ਸਲ ਦਾ ਉਤਪਾਦਨ ਕਰਨ ਨੂੰ ਤਰਜੀਹ ਦੇਣ।

# ਰੈਕਸਡੇਲ ਸ਼ੂਟਿੰਗ ਵਿੱਚ ਇੱਕ ਹਲਾਕ



ਟੋਰਾਂਟੋ, 3 ਜੁਲਾਈ (ਪੋਸਟ ਬਿਊਰੋ) : ਰੈਕਸਡੇਲ ਵਿੱਚ ਰਾਤ ਸਮੇਂ ਵਾਪਰੀ ਸ਼ੂਟਿੰਗ ਦੀ ਘਟਨਾ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ।

ਟੋਰਾਂਟੋ ਪੁਲਿਸ ਨੂੰ ਰਾਤੀਂ 10:30 ਵਜੇ ਤੋਂ ਬਾਅਦ ਕਿਪਲਿੰਗ ਐਵਨਿਊ ਤੇ ਐਲਬੀਅਨ ਰੋਡ ਉੱਤੇ ਸਥਿਤ ਇੱਕ ਇਮਾਰਤ ਵਿੱਚ ਸੱਦਿਆ ਗਿਆ। ਗੋਲੀ ਲੱਗਣ ਕਾਰਨ ਇੱਥੇ ਇੱਕ ਵਿਅਕਤੀ ਦੇ ਜ਼ਖ਼ਮੀ ਹੋਣ ਦੀ ਖਬਰ ਵੀ ਪੁਲਿਸ ਨੂੰ ਦਿੱਤੀ ਗਈ। ਜਾਂਚਕਾਰਾਂ ਦਾ ਕਹਿਣਾ ਹੈ ਕਿ ਇਸ ਵਿਅਕਤੀ ਨੂੰ ਕਈ ਗੋਲੀਆਂ ਲੱਗੀਆਂ ਤੇ ਉਸ ਨੂੰ ਮੌਕੇ ਉੱਤੇ ਹੀ ਮ੍ਰਿਤਕ ਐਲਾਨ ਦਿੱਤਾ ਗਿਆ।

ਅਜੇ ਇਸ ਸਬੰਧ ਵਿੱਚ ਕਿਸੇ ਨੂੰ ਗ੍ਰਿਫਤਾਰ ਨਹੀਂ ਕੀਤਾ ਗਿਆ ਤੇ ਨਾ ਹੀ ਕਿਸੇ ਮਸ਼ਕੂਕ ਦਾ ਵੇਰਵਾ ਹੀ ਪੁਲਿਸ ਵੱਲੋਂ ਜਾਰੀ ਕੀਤਾ ਗਿਆ ਹੈ। ਮਾਮਲੇ ਦੀ ਜਾਂਚ ਹੋਮੀਸਾਈਡ ਯੂਨਿਟ ਵੱਲੋਂ ਆਪਣੇ ਹੱਥ ਲੈ ਲਈ ਗਈ ਹੈ।






















## ਬਿਡੇਨ ਦੀ ਨਜ਼ਰ ਸਿਰਫ ਰਾਜਨੀਤੀ ’ਤੇ : ਨਿੱਕੀ ਹੈਲੇ

### ਕਿਹਾ, ਚੀਨ ਨੇ ਸਾਡੇ ਦੇਸ਼ ਲਈ ਸੁਰੱਖਿਆ ਨਾਲ ਜੁੜੇ ਵੱਡੇ ਖਤਰੇ ਪੈਦਾ ਕਰ ਦਿੱਤੇ



ਵਾਸ਼ਿੰਗਟਨ, 3 ਜੁਲਾਈ (ਪੋਸਟ ਬਿਊਰੋ): ਰਿਪਬਲਿਕਨ ਪਾਰਟੀ ਵਲੋਂ ਰਾਸ਼ਟਰਪਤੀ ਅਹੁਦੇ ਦੀ ਉਮੀਦਵਾਰ ਬਣਨ ਦੀ ਕੋਸ਼ਿਸ਼ ਕਰ ਰਹੀ ਭਾਰਤੀ ਮੂਲ ਦੀ ਨਿੱਕੀ ਹੈਲੀ ਨੇ ਰਾਸ਼ਟਰਪਤੀ ਜੋਅ ਬਿਡੇਨ 'ਤੇ ਚੁਟਕੀ ਲਈ ਹੈ। ਚੀਨ ਨੂੰ ਅਮਰੀਕਾ ਲਈ ਸਭ ਤੋਂ ਵੱਡਾ ਖ਼ਤਰਾ ਦੱਸਦੇ ਹੋਏ ਨਿੱਕੀ ਨੇ ਕਿਹਾ ਕਿ ਇਹ ਹੈਰਾਨੀ ਦੀ ਗੱਲ ਹੈ ਕਿ ਚੀਨ ਇਸ ਸਮੇਂ ਜੰਗ ਦੀ ਤਿਆਰੀ ਕਰ ਰਿਹਾ ਹੈ ਅਤੇ ਸਾਡੇ ਰਾਸ਼ਟਰਪਤੀ ਰਾਜਨੀਤੀ ਕਰ ਰਹੇ ਹਨ।

ਨਿੱਕੀ ਨੇ ਕਿਹਾ ਕਿ ਲਿੰਗ ਸਮਾਨਤਾ ਦੇ ਮੁੱਦੇ 'ਤੇ ਗੱਲਬਾਤ ਜਾਂ ਬਹਿਸ ਪਹਿਲਾਂ ਵੀ ਹੁੰਦੀ ਰਹੀ ਹੈ ਅਤੇ ਹੁਣ ਵੀ ਹੋ ਰਹੀ ਹੈ, ਪਰ ਸਾਡੀ ਨਜ਼ਰ ਚੀਨ 'ਤੇ ਹੋਣੀ ਚਾਹੀਦੀ ਹੈ ਜੋ ਅਮਰੀਕਾ ਨਾਲ ਜੰਗ ਦੀ ਤਿਆਰੀ ਕਰ ਰਿਹਾ ਹੈ।

ਇੱਕ ਇੰਟਰਵਿਊ ਵਿਚ ਨਿੱਕੀ ਨੇ ਅਮਰੀਕਾ ਦੀ ਰਾਜਨੀਤੀ ਅਤੇ ਵਿਸ਼ਵ ਮਾਮਲਿਆਂ ਨਾਲ ਜੁੜੇ ਕਈ ਸਵਾਲਾਂ ਦੇ ਖੁੱਲ੍ਹ ਕੇ ਜਵਾਬ ਦਿੱਤੇ। ਇਕ ਸਵਾਲ 'ਤੇ ਨਿੱਕੀ ਨੇ ਕਿਹਾ ਕਿ ਚੀਨ ਨੇ ਸਾਡੇ ਦੇਸ਼ ਲਈ ਸੁਰੱਖਿਆ ਨਾਲ ਜੁੜੇ ਵੱਡੇ ਖਤਰੇ ਪੈਦਾ ਕਰ ਦਿੱਤੇ ਹਨ। ਉਹ ਅਮਰੀਕਾ ਨਾਲ ਜੰਗ ਦੀ ਤਿਆਰੀ ਵਿਚ ਰੁੱਝਿਆ ਹੋਇਆ ਹੈ। ਸਾਡੀ ਸਰਕਾਰ ਦੀਆਂ ਤਿਆਰੀਆਂ ਕੀ ਹਨ? ਸਾਡੇ ਦੇਸ਼ ਵਿੱਚ ਲਿੰਗ ਸਮਾਨਤਾ ’ਤੇ ਬਹਿਸ ਅਤੇ ਰਾਜਨੀਤੀ ਚੱਲ ਰਹੀ ਹੈ। ਬਿਡੇਨ ਇਨ੍ਹਾਂ ਚੀਜ਼ਾਂ ਵਿੱਚ ਰੁੱਝਿਆ ਹੋਇਆ ਹੈ।

ਨਿੱਕੀ, ਜੋ ਸੰਯੁਕਤ ਰਾਸ਼ਟਰ ਵਿੱਚ ਰਾਜਦੂਤ ਰਹਿ ਚੁੱਕੇ ਹਨ, ਨੇ ਅੱਗੇ ਕਿਹਾ ਕਿ ਵਰਤਮਾਨ ਵਿੱਚ, ਚੀਨ ਕੋਲ ਸਭ ਤੋਂ ਵੱਡਾ ਜਲ ਸੈਨਾ ਦਾ ਬੇੜਾ ਹੈ। ਉਸ ਕੋਲ 340 ਜਹਾਜ਼ ਹਨ ਜਦਕਿ ਸਾਡੇ ਕੋਲ ਸਿਰਫ਼ 293 ਹਨ। ਦੋ ਸਾਲਾਂ ਬਾਅਦ ਚੀਨ ਕੋਲ 400 ਜਹਾਜ਼ ਹੋਣਗੇ ਅਤੇ ਸਾਡੇ ਕੋਲ 350 ਵੀ ਨਹੀਂ ਹੋਣਗੇ। ਅੱਜ ਚੀਨ ਹਰ ਰੋਜ਼ ਹਾਈਪਰਸੋਨਿਕ ਮਿਜ਼ਾਇਲਾਂ ਵਿਕਸਿਤ ਕਰ ਰਿਹਾ ਹੈ। ਅਸੀਂ ਉਨ੍ਹਾਂ 'ਤੇ ਕੰਮ ਕਰਨਾ ਸ਼ੁਰੂ ਕੀਤਾ ਹੈ।

ਚੀਨ 'ਤੇ ਇਕ ਹੋਰ ਸਵਾਲ ਦੇ ਜਵਾਬ ਵਿਚ ਨਿੱਕੀ ਨੇ ਕਿਹਾ ਕਿ ਚੀਨ ਹਰ ਪੱਖੋਂ ਅਤੇ ਹਰ ਮੋਰਚੇ 'ਤੇ ਅਮਰੀਕੀ ਫੌਜ ਤੋਂ ਜ਼ਿਆਦਾ ਤਾਕਤਵਰ ਬਣਨ ਦੀ ਕੋਸ਼ਿਸ਼ ਕਰ ਰਿਹਾ ਹੈ ਅਤੇ ਉਹ ਇਸ 'ਤੇ ਬਹੁਤ ਤੇਜ਼ੀ ਨਾਲ ਕੰਮ ਕਰ ਰਿਹਾ ਹੈ। ਇਸ ਸਮੇਂ ਸਾਡੀ ਫੌਜ ਵਿੱਚ ਲਿੰਗ ਸਮਾਨਤਾ 'ਤੇ ਬਹਿਸ ਹੋ ਰਹੀ ਹੈ। ਇਹ ਬਿਡੇਨ ਪ੍ਰਸ਼ਾਸਨ ਦੇ ਕੰਮ ਹਨ।

## ਇਜ਼ਰਾਈਲ ਨੇ ਫਲਸਤੀਨੀ ਸ਼ਹਿਰ ’ਤੇ ਕੀਤਾ ਹਵਾਈ ਹਮਲਾ, 8 ਫਲਸਤੀਨੀਆਂ ਦੀ ਮੌਤ

ਤਲਅਵੀਵ, 3 ਜੁਲਾਈ (ਪੋਸਟ ਬਿਊਰੋ): ਇਜ਼ਰਾਈਲ ਅਤੇ ਫਲਸਤੀਨ ਵਿਚਾਲੇ ਕਈ ਦਿਨਾਂ ਤੋਂ ਚੱਲ ਰਿਹਾ ਤਣਾਅ ਸੋਮਵਾਰ ਨੂੰ ਖਤਰਨਾਕ ਹੋ ਗਿਆ। ਇਜ਼ਰਾਇਲੀ ਹਵਾਈ ਫੌਜ ਨੇ ਫਲਸਤੀਨ ਦੇ ਕਬਜ਼ੇ ਵਾਲੇ ਪੱਛਮੀ ਬੈਂਕ ਖੇਤਰ ਦੇ ਜੇਨਿਨ ਸ਼ਹਿਰ 'ਤੇ ਹਵਾਈ ਹਮਲਾ ਕੀਤਾ। ਇਸ ਵਿੱਚ 8 ਫਲਸਤੀਨੀ ਮਾਰੇ ਗਏ ਸਨ।

ਹਮਲੇ ਤੋਂ ਬਾਅਦ ਇਜ਼ਰਾਈਲ ਦੀ ਜ਼ਮੀਨੀ ਫੌਜ ਵੀ ਆਪਰੇਸ਼ਨ ਵਿੱਚ ਸ਼ਾਮਿਲ ਹੋ ਗਈ। ਇਸ ਦੌਰਾਨ 20 ਫਲਸਤੀਨੀਆਂ ਨੂੰ ਗ੍ਰਿਫਤਾਰ ਕੀਤਾ ਗਿਆ। ਇਹ ਕਾਰਵਾਈ ਚੱਲ ਰਹੀ ਹੈ। ਇਸ ਦੌਰਾਨ ਫਲਸਤੀਨ ਦੇ ਅੱਤਵਾਦੀ ਸੰਗਠਨ ਨੇ ਇਜ਼ਰਾਈਲ ਨੂੰ ਤਬਾਹ ਕਰਨ ਦੀ ਧਮਕੀ ਦਿੱਤੀ ਹੈ। ਦੂਜੇ ਪਾਸੇ ਇਜ਼ਰਾਈਲ ਨੇ ਕਿਹਾ- ਜੇਨਿਨ ਵਿੱਚ ਸ਼ਰਨਾਰਥੀ ਕੈਂਪਾਂ ਦੀ ਵਰਤੋਂ ਅੱਤਵਾਦੀਆਂ ਨੂੰ ਲੁਕਾਉਣ ਅਤੇ ਹਥਿਆਰ ਰੱਖਣ ਲਈ ਕੀਤੀ ਜਾ ਰਹੀ ਹੈ। ਇਜ਼ਰਾਈਲ ਨੇ ਉਨ੍ਹਾਂ ਦੀਆਂ ਤਸਵੀਰਾਂ ਵੀ ਜਾਰੀ ਕੀਤੀਆਂ ਹਨ।

ਫਲਸਤੀਨ ਵਿਚ ਮੌਜੂਦ ਹਮਾਸ ਦੇ ਅੱਤਵਾਦੀ ਕਈ ਦਿਨਾਂ ਤੋਂ ਇਜ਼ਰਾਈਲ 'ਤੇ ਹਮਲੇ ਕਰ ਰਹੇ ਸਨ। ਇਸ ਦੌਰਾਨ ਰਾਕੇਟ ਦੇ ਨਾਲ-ਨਾਲ ਮੋਰਟਾਰ ਅਤੇ ਤੋਪਾਂ ਦੀ ਵਰਤੋਂ ਕੀਤੀ ਗਈ। ਇਸ ਤੋਂ ਬਾਅਦ ਇਜ਼ਰਾਇਲੀ ਏਅਰਫੋਰਸ ਨੇ ਸੋਮਵਾਰ ਸਵੇਰੇ ਜੇਨਿਨ 'ਤੇ ਹਵਾਈ ਹਮਲਾ ਕੀਤਾ।

‘ਟਾਈਮਜ਼ ਆਫ ਇਜ਼ਰਾਈਲ’ ਮੁਤਾਬਕ- ਹਮਲੇ ਵਿਚ 8 ਫਲਸਤੀਨੀ ਮਾਰੇ ਗਏ ਹਨ। 20 ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਜੇਨਿਨ ਨੂੰ ਸ਼ਰਨਾਰਥੀਆਂ ਦਾ ਸ਼ਹਿਰ ਕਿਹਾ ਜਾਂਦਾ ਹੈ ਪਰ ਇੱਥੋਂ ਦੇ ਸ਼ਰਨਾਰਥੀ ਕੈਂਪਾਂ ਨੂੰ ਅੱਤਵਾਦੀਆਂ ਦੇ ਟਿਕਾਣਿਆਂ ਵਜੋਂ ਵਰਤਿਆ ਜਾ ਰਿਹਾ ਹੈ। ਅਸੀਂ ਉਨ੍ਹਾਂ ਦੀ ਫੁਟੇਜ ਅਤੇ ਫੋਟੋਆਂ ਜਾਰੀ ਕਰ ਰਹੇ ਹਾਂ। ਇਹ ਕਾਰਵਾਈ ਜਾਰੀ ਰਹੇਗੀ, ਕਿਉਂਕਿ ਇਜ਼ਰਾਈਲ ਲਈ ਖ਼ਤਰਾ ਵਧਦਾ ਜਾ ਰਿਹਾ ਹੈ।



ਇੱਕ ਇਜ਼ਰਾਈਲੀ ਏਅਰਫੋਰਸ ਅਧਿਕਾਰੀ ਡੈਨੀਅਲ ਹੇਗੇਰੀ ਨੇ ਕਿਹਾ ਕਿ ਨਤੀਜੇ ਜੋ ਵੀ ਹੋਣ, ਅਸੀਂ ਕਾਰਵਾਈ ਨੂੰ ਨਹੀਂ ਰੋਕਾਂਗੇ। ਇੱਥੇ ਮੌਜੂਦ ਅੱਤਵਾਦੀ ਢਾਂਚੇ ਨੂੰ ਪੂਰੀ ਤਰ੍ਹਾਂ ਖਤਮ ਕਰਨ ਤੋਂ ਬਾਅਦ ਹੀ ਇਹ ਆਪ੍ਰੇਸ਼ਨ ਰੁਕੇਗਾ। ਇਜ਼ਰਾਈਲ ਲੰਬੇ ਸਮੇਂ ਤੋਂ ਸਬਰ ਕਰ ਰਿਹਾ ਸੀ। ਉਦੇਸ਼ ਸ਼ਰਨਾਰਥੀ ਕੈਂਪਾਂ 'ਤੇ ਕਬਜ਼ਾ ਕਰਨਾ ਨਹੀਂ ਹੈ, ਪਰ ਉਨ੍ਹਾਂ ਦੀ ਆੜ ਵਿਚ ਜੋ ਕੁਝ ਹੋ ਰਿਹਾ ਹੈ, ਉਹ ਸਾਡੇ ਦੇਸ਼ ਦੀ ਸੁਰੱਖਿਆ ਲਈ ਵੱਡਾ ਖਤਰਾ ਹੈ।

ਜੇਨਿਨ 'ਤੇ ਹਵਾਈ ਹਮਲੇ ਤੋਂ ਬਾਅਦ ਪੂਰੇ ਫਲਸਤੀਨ ਵਿਚ ਦਹਿਸ਼ਤ ਦਾ ਮਾਹੌਲ ਹੈ। ਲੋਕਾਂ ਨੂੰ ਘਰਾਂ ਤੋਂ ਬਾਹਰ ਨਾ ਨਿਕਲਣ ਲਈ ਕਿਹਾ ਗਿਆ ਹੈ। ਇਜ਼ਰਾਈਲ ਵੱਲੋਂ ਕੁਝ ਵੀਡੀਓ ਅਤੇ ਫੋਟੋਆਂ ਜਾਰੀ ਕੀਤੀਆਂ ਗਈਆਂ ਹਨ। ਇਨ੍ਹਾਂ ਵਿੱਚ ਦੇਖਿਆ ਜਾ ਸਕਦਾ ਹੈ ਕਿ ਕਿਵੇਂ ਘਰਾਂ ਵਿੱਚ ਹਥਿਆਰਾਂ ਦੀਆਂ ਫੈਕਟਰੀਆਂ ਚੱਲ ਰਹੀਆਂ ਸਨ।

ਫਲਸਤੀਨ ਦੇ ਅੱਤਵਾਦੀ ਸੰਗਠਨ ਹਮਾਸ ਨੇ ਐਤਵਾਰ ਨੂੰ ਇਕ ਬਿਆਨ ਜਾਰੀ ਕੀਤਾ। ਇਹ ਵੈਸਟ ਬੈਂਕ ਦੀਆਂ ਕੰਧਾਂ 'ਤੇ ਲਗਾਇਆ ਗਿਆ ਸੀ। ਇਸ ਵਿੱਚ ਇਜ਼ਰਾਈਲ ਨੂੰ ਤਬਾਹ ਕਰਨ ਦੀ ਧਮਕੀ ਦਿੱਤੀ ਗਈ ਸੀ। ਇਸ ਤੋਂ ਬਾਅਦ ਇਜ਼ਰਾਈਲ ਵੱਲ ਕੁਝ ਰਾਕੇਟ ਵੀ ਦਾਗੇ ਗਏ। ਉਸ ਨੂੰ ਇਜ਼ਰਾਈਲ ਦੇ ਆਇਰਨ ਡੋਮ ਮਿਜ਼ਾਈਲ ਡਿਫੈਂਸ ਸਿਸਟਮ ਦੁਆਰਾ ਹਵਾ ਵਿੱਚ ਮਾਰ ਡੇਗਿਆ ਗਿਆ ਸੀ। ਹਾਲ ਹੀ ਵਿੱਚ ਜੇਨਿਨ ਵਿੱਚ ਇੱਕ ਨਵਾਂ ਅੱਤਵਾਦੀ ਸੰਗਠਨ ਬਣਿਆ ਹੈ। ਇਸ ਦਾ ਨਾਮ ਜੇਨਿਨ ਬਟਾਲੀਅਨ ਹੈ। ਇਜ਼ਰਾਈਲ ਮੁਤਾਬਕ ਜੇਨਿਨ ਬਟਾਲੀਅਨ ਨੇ ਜਨਵਰੀ ਤੋਂ ਲੈ ਕੇ ਹੁਣ ਤੱਕ ਇਜ਼ਰਾਈਲ 'ਤੇ 50 ਹਮਲੇ ਕੀਤੇ ਹਨ। ਹੁਣ ਇਸ ਗੱਲ ਦੀ ਵੀ ਜਾਂਚ ਕੀਤੀ ਜਾ ਰਹੀ ਹੈ ਕਿ ਇਜ਼ਰਾਈਲ ਜੇਨਿਨ ਅਤੇ ਹਮਾਸ ਦੇ ਕਿਹੜੇ ਹਿੱਸਿਆਂ ਨੂੰ ਨਿਸ਼ਾਨਾ ਬਣਾਉਣ ਦੀ ਸਾਜ਼ਿਸ਼ ਰਚ ਰਹੇ ਹਨ।

## ਮੁੱਖ ਮੰਤਰੀ ਵੱਲੋਂ ਪੇਂਡੂ ਸੜਕਾਂ ਦੀ ਲੋੜ ਆਧਾਰਤ ਉਸਾਰੀ ਲਈ 'ਆਰਟੀਫੀਸ਼ੀਅਲ ਇੰਟੈਲੀਜੈਂਸ' ਸ਼ੂਰੂ ਕਰਨ ਦਾ ਐਲਾਨ

* ਨਵੀਂ ਤਕਨੀਕ ਰਾਹੀਂ ਲੋਕਾਂ ਦੇ ਪੈਸੇ ਦੀ ਬੱਚਤ ਕਰਕੇ ਸੜਕਾਂ ਦੇ ਨਿਰਮਾਣ ਕਾਰਜਾਂ ਵਿੱਚ ਕ੍ਰਾਂਤੀਕਾਰੀ ਤਬਦੀਲੀ ਲਿਆਉਣ ਦੀ ਉਮੀਦ ਜਤਾਈ * ਪੰਜਾਬ ਮੰਡੀ ਬੋਰਡ ਨੂੰ ਕੰਮ ਦੀ ਉੱਚ ਗੁਣਵੱਤਾ ਯਕੀਨੀ ਬਣਾਉਣ ਲਈ ਕਿਹਾ



ਚੰਡੀਗੜ੍ਹ, 3 ਜੁਲਾਈ (ਪੋਸਟ ਬਿਊਰੋ): ਵਿਕਾਸ ਕਾਰਜਾਂ ਲਈ ਜਨਤਾ ਦੇ ਪੈਸੇ ਦੀ ਤਰਕਸੰਗਤ ਵਰਤੋਂ ਯਕੀਨੀ ਬਣਾਉਣ ਦੇ ਮੰਤਵ ਨਾਲ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸੋਮਵਾਰ ਨੂੰ ਸੂਬੇ ਵਿੱਚ ਪੇਂਡੂ ਸੜਕਾਂ ਦੀ ਲੋੜ ਅਧਾਰਤ ਉਸਾਰੀ ਲਈ 'ਆਰਟੀਫੀਸ਼ੀਅਲ ਇੰਟੈਲੀਜੈਂਸ' (ਏ.ਆਈ.) ਸ਼ੁਰੂ ਕਰਨ ਦਾ ਐਲਾਨ ਕੀਤਾ।

ਇੱਥੇ ਆਪਣੇ ਦਫ਼ਤਰ ਵਿਖੇ ਪੰਜਾਬ ਮੰਡੀ ਬੋਰਡ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਸੂਬੇ ਵਿੱਚ ਪੇਂਡੂ ਸੜਕਾਂ ਦੀ ਲੋੜ ਆਧਾਰਤ ਉਸਾਰੀ ਲਈ ‘ਆਰਟੀਫੀਸ਼ੀਅਲ ਇੰਟੈਲੀਜੈਂਸ’ ਸ਼ੁਰੂ ਕਰਨ ਦੀ ਪ੍ਰਵਾਨਗੀ ਦੇ ਦਿੱਤੀ। ਉਨ੍ਹਾਂ ਕਿਹਾ ਕਿ ਇਹ ਕਦਮ ਪੇਂਡੂ ਸੜਕਾਂ ਦੇ ਉੱਚ ਗੁਣਵੱਤਾ ਵਾਲੇ ਕੰਮ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਸੂਬੇ ਦੇ ਮੌਜੂਦਾ ਸਰੋਤਾਂ ਦੀ ਤਰਕਸੰਗਤ ਵਰਤੋਂ ਨੂੰ ਯਕੀਨੀ ਬਣਾਏਗਾ। ਭਗਵੰਤ ਮਾਨ ਨੇ ਕਿਹਾ ਕਿ ਇਹ ਤਕਨੀਕ ਲੋਕਾਂ ਦੇ ਪੈਸੇ ਦੀ ਬੱਚਤ ਕਰਕੇ ਸੜਕਾਂ ਦੇ ਨਿਰਮਾਣ ਕਾਰਜਾਂ ਵਿੱਚ ਕ੍ਰਾਂਤੀ ਲਿਆਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਸੂਬੇ ਭਰ ਦੀਆਂ ਪੇਂਡੂ ਸੜਕਾਂ ਨੂੰ ਚੌੜਾ, ਮਜ਼ਬੂਤ ਅਤੇ ਅਪਗ੍ਰੇਡ ਕਰਕੇ ਸੰਪਰਕ ਸੜਕਾਂ ਦੇ ਬੁਨਿਆਦੀ ਢਾਂਚੇ ਨੂੰ ਨਵਾਂ ਰੂਪ ਦੇਣ ਦਾ ਫੈਸਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸਹੂਲਤ ਲਈ ਸੜਕੀ ਨੈੱਟਵਰਕ ਦੀ ਮਹੱਤਤਾ ਨੂੰ ਦੇਖਦੇ ਹੋਏ ਸੂਬਾ ਸਰਕਾਰ ਨੇ ਇਹ ਫੈਸਲਾ ਲਿਆ ਹੈ। ਭਗਵੰਤ ਮਾਨ ਨੇ ਪੰਜਾਬ ਮੰਡੀ ਬੋਰਡ ਨੂੰ ਕੰਮ ਦੀ ਉੱਚ ਗੁਣਵੱਤਾ ਯਕੀਨੀ ਬਣਾਉਣ ਦੇ ਨਾਲ-ਨਾਲ ਸਬੰਧਤ ਪ੍ਰਾਜੈਕਟ ਲਈ ਅਲਾਟ ਕੀਤੇ ਇੱਕ-ਇੱਕ ਪੈਸੇ ਨੂੰ ਢੁਕਵੇਂ ਤਰੀਕੇ ਨਾਲ ਖਰਚਣਾ ਯਕੀਨੀ ਬਣਾਉਣ ਲਈ ਕਿਹਾ।

ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਸੜਕਾਂ ਨੂੰ ਮਜ਼ਬੂਤ ਅਤੇ ਅਪਗ੍ਰੇਡ ਕਰਨ ਦੀ ਸਖ਼ਤ ਲੋੜ ਹੈ ਤਾਂ ਜੋ ਪੇਂਡੂ ਖੇਤਰਾਂ ਵਿੱਚ ਆਉਣ-ਜਾਣ ਵਾਲੇ ਲੋਕਾਂ ਲਈ ਸੌਖ ਹੋ ਸਕੇ। ਉਨ੍ਹਾਂ ਕਿਹਾ ਕਿ ਇਨ੍ਹਾਂ ਸੜਕਾਂ ਨੂੰ ਅਪਗ੍ਰੇਡ ਕਰਨ ਦੀ ਲੋੜ ਹੈ ਤਾਂ ਜੋ ਲੋਕਾਂ ਦਾ ਪਿੰਡਾਂ ਤੋਂ ਕਸਬਿਆਂ ਤੱਕ ਸੁਚਾਰੂ ਢੰਗ ਨਾਲ ਆਉਣਾ-ਜਾਣਾ ਯਕੀਨੀ ਬਣਾਇਆ ਜਾ ਸਕੇ। ਭਗਵੰਤ ਮਾਨ ਨੇ ਕਿਹਾ ਕਿ ਇਨ੍ਹਾਂ ਸੜਕਾਂ ਦੇ ਨਿਰਮਾਣ ਲਈ ਰਣਨੀਤੀ ਤਿਆਰ ਕਰਦੇ ਸਮੇਂ ਇਸ ਗੱਲ ਦਾ ਪੂਰਾ ਧਿਆਨ ਰੱਖਿਆ ਗਿਆ ਹੈ ਕਿ ਜਿਹੜੀਆਂ ਸੜਕਾਂ ਛੇ ਸਾਲਾਂ ਤੋਂ ਨਹੀਂ ਬਣੀਆਂ ਹਨ, ਉਨ੍ਹਾਂ ਨੂੰ ਪਹਿਲ ਦਿੱਤੀ ਜਾਵੇ।

## ਵਿਜੀਲੈਂਸ ਵੱਲੋਂ ਪਲੈਨਿੰਗ ਅਫ਼ਸਰ ਸਮੇਤ ਪੁੱਡਾ ਦੇ ਤਿੰਨ ਮੁਲਾਜ਼ਮ ਕਾਬੂ


ਚੰਡੀਗੜ੍ਹ, 3 ਜੁਲਾਈ (ਪੋਸਟ ਬਿਊਰੋ): ਸੂਬੇ ਵਿੱਚ ਭ੍ਰਿਸ਼ਟਾਚਾਰ ਖਿਲਾਫ਼ ਵਿੱਢੀ ਮੁਹਿੰਮ ਤਹਿਤ ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਜ਼ਿਲ੍ਹਾ ਟਾਊਨ ਪਲਾਨਰ ਫ਼ਤਹਿਗੜ੍ਹ ਸਾਹਿਬ ਦੇ ਦਫ਼ਤਰ ਵਿਖੇ ਤਾਇਨਾਤ ਪਲੈਨਿੰਗ ਅਫ਼ਸਰ ਮਨਵੀਰ ਸਿੰਘ ਅਤੇ ਦੋ ਹੋਰ ਮੁਲਾਜ਼ਮਾਂ ਨੂੰ ਅਮਲੋਹ ਦੇ ਇੱਕ ਵਸਨੀਕ ਤੋਂ ਰਿਸ਼ਵਤ ਲੈਣ ਦੇ ਦੋਸ਼ ਹੇਠ ਕਾਬੂ ਕੀਤਾ ਹੈ। ਗ੍ਰਿਫ਼ਤਾਰ ਕੀਤੇ ਦੋ ਹੋਰ ਮੁਲਜ਼ਮਾਂ ਦੀ ਪਛਾਣ ਜੂਨੀਅਰ ਇੰਜੀਨੀਅਰ (ਜੇ.ਈ.) ਧਿਕਸ਼ੂ ਸੈਣੀ ਅਤੇ ਡਰਾਈਵਰ ਤੇਜਿੰਦਰ ਸਿੰਘ ਵਜੋਂ ਹੋਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਮੁਲਜ਼ਮਾਂ ਨੂੰ ਬਲਰਾਮ ਕੁਮਾਵਤ ਵਾਸੀ ਅਮਲੋਹ ਦੀ ਸ਼ਿਕਾਇਤ ’ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।



ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਥਾਣਾ ਵਿਜੀਲੈਂਸ ਬਿਊਰੋ, ਪਟਿਆਲਾ ਰੇਂਜ ਵਿਖੇ ਸ਼ਿਕਾਇਤ ਦਰਜ ਕਰਵਾਈ ਹੈ ਕਿ ਪੁੱਡਾ ਦੇ ਉਕਤ ਮੁਲਾਜ਼ਮਾਂ ਨੇ ਉਸ ਦੇ ਮਕਾਨ ਅਤੇ ਦੁਕਾਨ, ਜੋ ਉਨ੍ਹਾਂ ਮੁਤਾਬਕ ਗ਼ੈਰਕਾਨੂੰਨੀ ਢੰਗ ਨਾਲ ਉਸਾਰੇ ਗਏ ਹਨ, ਨੂੰ ਨਾ ਢਾਹੁਣ ਬਦਲੇ 1,50,000 ਰੁਪਏ ਰਿਸ਼ਵਤ ਮੰਗੀ ਸੀ। ਸੌਦਾ 40,000 ਰੁਪਏ ਵਿੱਚ ਤੈਅ ਹੋਇਆ ਅਤੇ ਇਸ ਵਿੱਚੋਂ ਉਹ ਪਹਿਲਾਂ ਹੀ ਉਸ ਕੋਲੋਂ 30,000 ਰੁਪਏ ਰਿਸ਼ਵਤ ਲੈ ਚੁੱਕੇ ਹਨ।

ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਪੜਤਾਲ ਉਪਰੰਤ ਵਿਜੀਲੈਂਸ ਬਿਊਰੋ, ਪਟਿਆਲਾ ਰੇਂਜ ਦੀ ਟੀਮ ਨੇ ਟ੍ਰੈਪ ਲਗਾ ਕੇ ਡਰਾਈਵਰ ਤੇਜਿੰਦਰ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਪਾਸੋਂ 10,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ। ਇਸ ਕੇਸ ਵਿੱਚ ਉਕਤ ਪਲੈਨਿੰਗ ਅਫ਼ਸਰ ਅਤੇ ਜੇ.ਈ. ਨੂੰ ਵੀ ਗ੍ਰਿਫ਼ਤਾਰ ਕਰ ਲਿਆ ਗਿਆ ਹੈ।

ਇਸ ਸਬੰਧੀ ਥਾਣਾ ਵਿਜੀਲੈਂਸ ਬਿਊਰੋ, ਪਟਿਆਲਾ ਰੇਂਜ ਵਿਖੇ ਪਲੈਨਿੰਗ ਅਫਸਰ, ਜੇ.ਈ ਅਤੇ ਡਰਾਈਵਰ ਖ਼ਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

ੴ ਸਤਿਗੁਰ ਪ੍ਰਸਾਦਿ ॥
ਗੁਰਮੁਖਿ ਜਨਮ ਸਵਾਰਿ ਦਰਗਹਿ ਚਲਿਆ ॥
ਸੱਚੀ ਦਰਗਹਿ ਜਾਇ ਸਚਾ ਪਿੜ ਮਲਿਆ ॥

ੴ

DECEMBER 1941 - JULY 2021

ਸ. ਤਰਲੋਚਨ ਸਿੰਘ ਗਿੱਲ (ਗਾਲਿਬ ਕਲਾਂ)
ਵੱਲੋਂ
ਆਪ ਜੀ ਨੂੰ ਬੇਨਤੀ ਹੈ ਕਿ ਉਹਨਾਂ ਦੀ ਧਰਮਪਤਨੀ
ਸਰਦਾਰਨੀ ਕੁਲਦੀਪ ਕੌਰ ਗਿੱਲ
ਜੋ ਕਿ ਦੋ ਸਾਲ ਪਹਿਲਾਂ ਸਾਨੂੰ ਸਦੀਵੀ ਵਿਛੋੜਾ ਦੇ ਗਏ ਸਨ ਉਹਨਾਂ ਦੀ
ਆਤਮਿਕ ਸ਼ਾਂਤੀ ਦੇ ਸਬੰਧ ਵਿੱਚ

ਸ੍ਰੀ ਅਖੰਡ ਪਾਠ ਸਾਹਿਬ ਜੀ ਦਾ ਭੋਗ

ਦਿੱਤੇ ਪ੍ਰੋਗਰਾਮ ਅਨੁਸਾਰ ਪਵੇਗਾ । ਸੋ ਆਪ ਜੀ ਨੇ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ । ਅਤੀ ਧੰਨਵਾਦੀ ਹੋਵਾਗੇ ਜੀ ।

ਪ੍ਰੋਗਰਾਮ

7 ਜੁਲਾਈ 2023, ਦਿਨ ਸ਼ੁੱਕਰਵਾਰ
ਅਰੰਭ ਸ੍ਰੀ ਅਖੰਡ ਪਾਠ ਸਾਹਿਬ ਜੀ.......1.30 ਵਜੇ ਦੁਪਿਹਰ

9 ਜੁਲਾਈ 2023, ਦਿਨ ਐਤਵਾਰ
ਭੋਗ ਸ੍ਰੀ ਅਖੰਡ ਪਾਠ ਸਾਹਿਬ ਜੀ..........1.00 ਵਜੇ ਦੁਪਿਹਰ
ਕੀਰਤਨ ................................ 2.00 ਵਜੇ ਦੁਪਿਹਰ
ਗੁਰੂ ਕਾ ਲੰਗਰ............................3.00 ਵਜੇ ਦੁਪਿਹਰ

ਸਥਾਨ: ਸ੍ਰੀ ਗੁਰੂ ਸਿੰਘ ਸਭਾ ਮਾਲਟਨ
Sri Guru Singh Sabha Malton
7280 Airport Rd, Mississauga, ON L4T 2H3

ਸਮੂਹ ਗਿੱਲ ਪਰਿਵਾਰ
+1 416-802-7377, +1 416-735-7737
+1 416-880-9785
E-mail: tgill@imchd.com

Design by: ਡੋਗਰਾ ਪ੍ਰਿੰਟਰਜ਼, ਲਿੰਕ ਰੋਡ, ਜਗਰਾਉਂ #98784-03812



## NEEDED FULL-TIME CONSTRUCTION WORKER

*(Required Canadian Citizen or Permanent Resident)*

**Decon Construction Inc. is a small business in Brampton, ON L6X 2M1. We are professional, fast-paced, and demanding.** We are looking for a Construction Worker to join our team and assist in the completion of various construction projects. The ideal candidate for this position will have experience in the construction industry, be able to lift heavy objects, and have a strong work ethic. The successful candidate will be responsible for a variety of tasks, including demolition, digging trenches, mixing concrete, and cleaning up job sites.

**Responsibilities:**
- Load, unload and transport construction materials
- Operate mobile and tower cranes to lift, move, position or place equipment and materials
- Clean and lubricate cranes
- Erect and dismantle concrete forms, scaffolding, ramps, catwalks shoring and barricades
- Operate pile driving cranes to drive pilings into earth to provide support for buildings and other structures
- Mix, pour and spread materials
- Operate cranes equipped with dredging attachments to dredge waterways and other areas
- Assemble tower cranes on site
- Assist heavy equipment operators
- Operate gantry cranes to load and unload ship cargo at port side
- Assist in drilling and blasting rock on construction sites
- Assist in framing houses, erecting walls and building roofs
- Level earth to fine grade specifications
- Assist in demolishing buildings
- Perform pre-operational inspection, and calculate crane capacities and weight to prepare for rigging and hoisting
- Perform routine maintenance work
- Clean up chemical spills and other contaminants
- Remove rubble and other debris at construction sites
- Tend or feed machines or equipment used in construction
- Direct traffic at or near construction sites
- Read and interpret blueprints

**Additional Information**
Work conditions and physical capabilities
- Fast-paced environment
- Work under pressure
- Physically demanding
- Handling heavy loads
- Hand-eye co-ordination

**Personal suitability**
- Dependability
- Flexibility
- Reliability
- Team player

**Experience**
Experience an asset
Work site environment
- Outdoors
- At heights
- Noisy

**Job Type: Full-time**
**Salary: $27.00 per hour**

**Benefits:**
- Paid time off

**Flexible Language Requirement:**
- French not required

**Language:**
- English (preferred)

**Schedule:**
- Monday to Friday

**Supplemental pay types:**
- Overtime pay

**Ability to commute/relocate:**
- Brampton, ON L6X 2M1: reliably commute or plan to relocate before starting work (required)

**Experience:**
- construction (preferred)

**Shift availability:**
- Day Shift (preferred)

**Work Location:** In person

**Submit Resume:**
**naeem@decongroup.ca**

# ਹਰਜੋਤ ਸਿੰਘ ਬੈਂਸ ਵਲੋਂ ਨੰਗਲ ਫਲਾਈਉਵਰ ਦੀ ਸਲੈਬ ਕਾਸਟਿੰਗ ਦਾ ਕੰਮ ਮਿਥੇ ਸਮੇਂ ਵਿੱਚ ਮੁਕੰਮਲ ਕਰਨ ਦੇ ਹੁਕਮ

ਚੰਡੀਗੜ੍ਹ, 3 ਜੁਲਾਈ (ਪੋਸਟ ਬਿਊਰੋ): ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਅੱਜ ਨੰਗਲ ਫਲਾਈਉਵਰ ਉਤੇ ਕੀਤੀ ਜਾਣ ਵਾਲੀ ਸਲੈਬ ਕਾਸਟਿੰਗ ਮਿਥੇ ਸਮੇਂ ਵਿੱਚ ਮੁਕੰਮਲ ਕਰਨ ਦੇ ਹੁਕਮ ਦਿੱਤੇ ਹਨ।

ਅੱਜ ਇਥੇ ਹਫਤਾਵਾਰੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਬੈਂਸ ਨੇ ਫਲਾਈਉਵਰ ਦੀ ਉਸਾਰੀ ਸਬੰਧੀ ਪ੍ਰਗਤੀ ਸਬੰਧੀ ਜਾਇਜ਼ਾ ਲਿਆ ਗਿਆ।

ਮੀਟਿੰਗ ਦੌਰਾਨ ਉਨ੍ਹਾਂ ਕੁਸ਼ਟ ਆਸ਼ਰਮ ਦੇ ਤਬਦੀਲ ਹੋਣ ਉਪਰੰਤ ਉਥੇ ਉਸਾਰੀ ਜਾ ਰਹੀ ਸੜਕ ਦੇ ਕੰਮ ਦਾ ਵੀ ਮੁਲਾਂਕਣ ਕੀਤਾ ਅਤੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਇਹ ਕੰਮ ਜਲਦ ਤੋਂ ਜਲਦ ਮੁਕੰਮਲ ਕਰਨ ਦੇ ਹੁਕਮ ਦਿੱਤੇ।


ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਫਲਾਈਉਵਰ ਦੀ ਉਸਾਰੀ ਸਬੰਧੀ ਕੀਤੀ ਜਾਣ ਵਾਲੀ ਹਫਤਾਵਾਰੀ ਸਮੀਖਿਆ ਮੀਟਿੰਗ 10 ਜੁਲਾਈ 2023 ਨੂੰ ਨੰਗਲ ਫਲਾਈਉਵਰ ਵਿਖੇ ਕਰਨ ਦਾ ਵੀ ਫੈਸਲਾ ਵੀ ਕੀਤਾ।




## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।











## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਜੱਟ ਸਿੱਖ ਸੰਧੂ ਲੜਕਾ, ਉਮਰ 33 ਸਾਲ, ਕੱਦ 5 ਫੁਟ, 11 ਇੰਚ, 12ਵੀਂ ਪਾਸ, ਵਰਕ ਪਰਮਿਟ ਦੋ ਸਾਲ, ਬ੍ਰੈਂਪਟਨ, ਪਿਤਾ ਵੀ ਇੱਥੇ, ਮਾਤਾ ਵੀ ਆ ਰਹੀ ਹੈ। ਇਕਲੌਤਾ ਲੜਕਾ, ਚੰਗੀ ਜਾਇਦਾਦ, ਨਸ਼ਿਆਂ ਤੋਂ ਬਿਲਕੁਲ ਰਹਿਤ, ਭੂਆਂ ਕੋਲ ਰਹਿੰਦਾ ਹੈ, ਲਈ ਯੋਗ ਲੜਕੀ ਸਿਟੀਜ਼ਨ, ਪੀ.ਆਰ. ਹੋਵੇ। ਹੋਣ ਜਾਣਕਾਰੀ ਲਈ ਸੰਪਰਕ ਕਰੋ: 647-631-9445

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11", B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com
















# ਮੁੱਖ ਮੰਤਰੀ ਨੇ ਡਿਊਟੀ ਨਿਭਾਉਂਦਿਆਂ ਅਤੇ ਵੱਖ-ਵੱਖ ਹਾਦਸਿਆਂ ਵਿਚ ਜਾਨ ਗੁਆਉਣ ਵਾਲੇ ਪੁਲਿਸ ਮੁਲਾਜ਼ਮਾਂ ਦੇ ਵਾਰਸਾਂ ਨੂੰ 2 ਕਰੋੜ ਰੁਪਏ ਦੇ ਚੈੱਕ ਸੌਂਪੇ

## *ਪੁਲਿਸ ਕਰਮੀਆਂ ਦੇ ਬੱਚਿਆਂ ਨੂੰ ਸਿੱਖਿਆ ਲਈ 4-4 ਲੱਖ ਰੁਪਏ ਦੇ ਚੈੱਕ ਦਿੱਤੇ * ਪੁਲਿਸ ਮੁਲਾਜ਼ਮਾਂ ਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਯਕੀਨੀ ਬਣਾਉਣ ਲਈ ਵਚਨਬੱਧਤਾ ਦੁਹਰਾਈ







ਚੰਡੀਗੜ੍ਹ, 3 ਜੁਲਾਈ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਡਿਊਟੀ ਨਿਭਾਉਂਦੇ ਸਮੇਂ ਸ਼ਹੀਦੀ ਪ੍ਰਾਪਤ ਕਰਨ ਵਾਲੇ ਅਤੇ ਦੁਰਘਟਨਾ ਵਿਚ ਜਾਨ ਗੁਆਉਣ ਵਾਲੇ ਪੁਲਿਸ ਮੁਲਾਜ਼ਮਾਂ ਦੇ ਵਾਰਸਾਂ ਨੂੰ 2 ਕਰੋੜ ਰੁਪਏ ਦੇ ਚੈੱਕ ਸੌਂਪੇ। ਮੁੱਖ ਮੰਤਰੀ ਨੇ ਉਨ੍ਹਾਂ ਦੇ ਬੱਚਿਆਂ ਨੂੰ ਸਿੱਖਿਆ ਪ੍ਰਾਪਤ ਕਰਨ ਲਈ 12 ਲੱਖ ਰੁਪਏ (ਪ੍ਰਤੀ ਬੱਚਾ 4 ਲੱਖ ਰੁਪਏ) ਦੇ ਚੈੱਕ ਸੌਂਪੇ।

ਮੁੱਖ ਮੰਤਰੀ ਨੇ ਜਲੰਧਰ ਵਿਖੇ ਡਿਊਟੀ ਦੌਰਾਨ ਸ਼ਹੀਦੀ ਪ੍ਰਾਪਤ ਕਰਨ ਵਾਲੇ ਏ.ਐਸ.ਆਈ ਸੰਜੀਵ ਕੁਮਾਰ ਦੇ ਪਰਿਵਾਰ ਨੂੰ ਇਕ ਕਰੋੜ ਰੁਪਏ ਦਾ ਚੈੱਕ ਸੌਂਪਿਆ। ਇਸ ਦੇ ਨਾਲ ਹੀ ਮੁੱਖ ਮੰਤਰੀ ਨੇ ਏ.ਐਸ.ਆਈ ਪਰਨਾਮ ਸਿੰਘ ਅਤੇ ਏ.ਐਸ.ਆਈ ਗੁਰਲਾਲ ਸਿੰਘ ਦੇ ਵਾਰਸਾਂ ਨੂੰ 50-50 ਲੱਖ ਰੁਪਏ ਦੇ ਚੈੱਕ ਸੌਂਪੇ ਜਿਨ੍ਹਾਂ ਦੀ ਵੱਖ-ਵੱਖ ਹਾਦਸਿਆਂ ਵਿਚ ਮੌਤ ਹੋ ਗਈ ਸੀ। ਗੌਰਤਲਬ ਹੈ ਕਿ ਏ.ਐਸ.ਆਈ. ਸੰਜੀਵ ਕੁਮਾਰ ਨੂੰ ਇੱਕ ਬਲੇਰੋ ਗੱਡੀ ਨੇ ਉਸ ਵੇਲੇ ਟੱਕਰ ਮਾਰ ਦਿੱਤੀ ਜਦੋਂ ਉਹ ਜਲੰਧਰ ਵਿੱਚ ਸਖ਼ਤ ਸੁਰੱਖਿਆ ਵਾਲੇ ਵੀ.ਵੀ.ਆਈ.ਪੀ. ਦੀ ਫੇਰੀ ਦੌਰਾਨ ਵਾਹਨਾਂ ਦੀ ਜਾਂਚ ਕਰ ਰਿਹਾ ਸੀ। ਇਸੇ ਤਰ੍ਹਾਂ ਏ.ਐਸ.ਆਈ. ਪਰਨਾਮ ਸਿੰਘ ਅਤੇ ਗੁਰਲਾਲ ਸਿੰਘ ਦੀ ਵੀ ਵੱਖ-ਵੱਖ ਦੁਰਘਟਨਾਵਾਂ ਕਾਰਨ ਮੌਤ ਹੋ ਗਈ ਸੀ।

ਪਰਿਵਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਇਸ ਔਖੀ ਘੜੀ ਵਿੱਚ ਉਨ੍ਹਾਂ ਦੇ ਨਾਲ ਖੜ੍ਹੀ ਹੈ। ਉਨ੍ਹਾਂ ਕਿਹਾ ਕਿ ਇਹ ਉਪਰਾਲਾ ਸੂਬੇ ਵਿੱਚ ਅਮਨ-ਕਾਨੂੰਨ ਕਾਇਮ ਰੱਖਣ ਅਤੇ ਆਪਣੀ ਡਿਊਟੀ ਨਿਭਾਉਣ ਦੌਰਾਨ ਪੁਲਿਸ ਮੁਲਾਜ਼ਮਾਂ ਦੇ ਵਡਮੁੱਲੇ ਯੋਗਦਾਨ ਦੇ ਸਤਿਕਾਰ ਹੈ। ਭਗਵੰਤ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਦਾ ਫਰਜ਼ ਬਣਦਾ ਹੈ ਕਿ ਉਹ ਇਨ੍ਹਾਂ ਬਹਾਦਰ ਜਵਾਨਾਂ ਦੇ ਪਰਿਵਾਰਾਂ ਦੀ ਮਦਦ ਕਰੇ ਅਤੇ ਉਨ੍ਹਾਂ ਦੀ ਭਲਾਈ ਯਕੀਨੀ ਬਣਾਏ।

ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਪੁਲਿਸ ਮੁਲਾਜ਼ਮਾਂ ਦੇ ਪਰਿਵਾਰਾਂ ਨੂੰ ਵਿੱਤੀ ਸਹਾਇਤਾ ਸੂਬਾ ਸਰਕਾਰ ਦੀ ਬਹਾਦਰ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਨੂੰ ਯਕੀਨੀ ਬਣਾਉਣ ਦੀ ਵਚਨਬੱਧਤਾ ਦੇ ਤਹਿਤ ਹੈ। ਉਨ੍ਹਾਂ ਨੇ ਆਸ ਪ੍ਰਗਟਾਈ ਕਿ ਸੂਬੇ ਵੱਲੋਂ ਕੀਤਾ ਗਿਆ ਇਹ ਨਿਮਾਣਾ ਜਿਹਾ ਉਪਰਾਲਾ ਇੱਕ ਪਾਸੇ ਪੀੜਤ ਪਰਿਵਾਰਾਂ ਦੀ ਮਦਦ ਕਰਨ ਅਤੇ ਦੂਜੇ ਪਾਸੇ ਉਨ੍ਹਾਂ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਵਿੱਚ ਸਹਾਈ ਸਿੱਧ ਹੋਵੇਗਾ। ਭਗਵੰਤ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਪੁਲਿਸ ਮੁਲਾਜ਼ਮਾਂ ਅਤੇ ਉਨ੍ਹਾਂ ਦੇ ਪਰਿਵਾਰ ਦੀ ਭਲਾਈ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ।

ਇਸ ਦੌਰਾਨ ਪੁਲਿਸ ਮੁਲਾਜ਼ਮਾਂ ਦੇ ਪਰਿਵਾਰਾਂ ਨੇ ਵੀ ਮੁੱਖ ਮੰਤਰੀ ਦਾ ਉਨ੍ਹਾਂ ਦੇ ਹਿੱਤਾਂ ਦੀ ਰਾਖੀ ਕਰਨ ਲਈ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਨੇ ਭਗਵੰਤ ਮਾਨ ਦੀ ਇਸ ਨੇਕ ਉਪਰਾਲੇ ਲਈ ਸ਼ਲਾਘਾ ਕੀਤੀ ਜੋ ਉਨ੍ਹਾਂ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗਾ।

ਇਸ ਮੌਕੇ ਪੁਲਿਸ ਡਾਇਰੈਕਟਰ ਜਨਰਲ ਗੌਰਵ ਯਾਦਵ, ਸਪੈਸ਼ਲ ਡੀ.ਜੀ.ਪੀ. ਈਸ਼ਵਰ ਸਿੰਘ ਅਤੇ ਹੋਰ ਵੀ ਮੌਜੂਦ ਸਨ।


URGENTLY NEED NEW LISTINGS IN BRAMPTON/CALEDON



visit: www.teamjagaujla.com

ADVERTISEMENT GUARANTEED TILL SOLD

JAG AUJLA

MCNE, REAL ESTATE BROKER

416-371-7777

e-mail: j.aujla@rogers.com or visit: www.jagaujla.com

MCNE (2021, 2018, 2015, 2014, 2013, 2012, 2011, 2010) (2020-2018) (2018-2009) (REMAX International) (2014) (2010)

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED/SOLD IN YOUR NEIGHBOURHOOD

**SHELBURNE** (Simon St /Hwy 89)




ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੌ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

**CAMBRIDGE** (Speedsville/Equestrian Way)



ਐਂਡ ਯੂਨਿਟ ਕਾਨ੍ਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖ਼ੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

**BRAMPTON** (Mclaughlin / Steeles / Mavis)



ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

**BRAMPTON** (Wanless/Mclaughlin)



ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC. REALTOR MLS

Ph:905-456-3232 **Based on units sold & commissions **Some conditions apply

*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.

Call: JAG AUJLA Dir: 416-371-7777

MCNE, Real Estate Broker

NOT INTENDED TO SOLICIT BUYERS OR SELLERS CURRENTLY UNDER CONTRACT



VENUE

HEART LAKE CONVERSATION PARK SITE - LAKEMOUNT 4

Address: 10818 Heart Lake Rd, Brampton, ON L6Z 0B3



Samrai Picnic

AUGUST 6, 2023

ਪਿੰਡ ਸਮਰਾਏ ਦੇ ਵਾਸੀਆਂ ਵਲੋਂ 6 ਅਗਸਤ ਨੂੰ ਪਿਕਨਿੱਕ

ਪਿੰਡ ਸਮਰਾਏ ਦੇ ਸਮੂਹ ਵਾਸੀਆਂ ਵਲੋਂ ਆਪਣੀ ਸਲਾਨਾ ਪਿਕਨਿਕ **06** ਅਗਸਤ ਦਿਨ ਐਤਵਾਰ ਨੂੰ ਹਾਰਟ ਲੇਕ ਕੰਜ਼ੁਵੇਸ਼ਨ ਪਾਰਕ ਵਿਖੇ ਠੀਕ ਦੁਪਿਹਰ 11 ਵਜ ਤੋਂ ਸ਼ਾਮ 6 ਵਜੇ ਤੱਕ ਮਨਾਈ ਜਾ ਰਹੀ ਹੈ । ਇਸ ਦੌਰਾਨ ਬੱਚਿਆਂ ਦੀਆਂ ਖੇਡਾਂ ਅਤੇ ਹੋਰ ਮਨੋਰੰਜਕ ਖੇਡਾਂ ਕਰਵਾਈਆਂ ਜਾਣਗੀਆਂ ਜਿਹਨਾਂ ਵਿਚ ਲੇਡੀਜ਼ ਲਈ 50 ਮੀਟਰ ਦੌੜ, ਬੋਰੀ ਰੇਸ ਅਤੇ ਤਿੰਨ ਟੰਗੀ ਰੇਸ ਵੀ ਸ਼ਾਮਲ ਹਨ । ਪ੍ਰਬੰਧਕਾਂ ਵਲੋਂ ਜੀਟੀਏ ਵਿਚ ਵੱਸਦੇ ਸਮੂਹ ਸਮਰਾਏ ਪਿੰਡ ਵਾਸੀਆਂ ਨੂੰ ਬੇਨਤੀ ਹੈ ਕਿ ਉਹ ਪਰਿਵਾਰਾਂ ਸਮੇਤ ਇਸ ਪਰਿਵਾਰਕ ਪਿਕਨਿਕ ਵਿਚ ਸ਼ਾਮਲ ਹੋਣ ਅਤੇ ਆਪਣੇ ਪਿੰਡ ਨਾਲ ਜੁੜੀਆਂ ਯਾਦਾਂ ਨੂੰ ਤਾਜਾ ਕਰਨ ।



People of Village. Samrai has organised a Picnic on **August 06, 2023, Sunday from 11 am to 6 pm.** In the park various activities will be played such as **50 meter race, sack race, 3-legged race.** We request you to accompany your childrens, parents, grandparents with you to recall old memories.

ਪਿਕਨਿੱਕ ਬਾਰੇ ਜਿਆਦਾ ਜਾਣਕਾਰੀ ਲਈ ਸੁਰਜੀਤ ਸਮਰਾ 289-828-2117, ਅਮਰਜੀਤ ਸਮਰਾ 416-939-8292 ਜਾਂ ਮੋਹੀਂਦਰ ਸਮਰਾ 416-271-8477 ਨੂੰ ਸੰਪ੍ਰਕ ਕੀਤਾ ਜਾ ਸਕਦਾ ਹੇ।



Grand Upholstery Ltd

Sofa Company Originality in Every Piece

Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ **L Shape** ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ



ਕੁਆਲਿਟੀ ਮੂਹੋਂ ਬੋਲਦੀ ਹੈ

Tel: 905.791.2888 Cell: 647.293.3212

2053 Williams Pkwy, Unit -45, Brampton | Email: grandupholstery@gmail.com



REXDALE BODY SHOP

USED CAR SALE



CHEEMA

LOWEST PRICE IN TOWN

Specialization In:
- All Kinds of Body Work
- Auto Glass Windshield
- Denting, Painting & Welding

SPECIAL PAINT JOB $779

RENTAL CAR PROVIDED



25 years of Canadian Experience

OPEN MON - SAT 9AM TO 7PM

ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ

Call Rick or Manminder Cheema: 416.749.9596 /416.951.6431

Towing Service Car Paint Starts $799*upto 100% Deductible Paid*

30 Racine Rd. Toronto, ON, M9W 2Z3, FAX: 416.749.9597

www.AAABODYSHOP.ca mcheemaaaa@hotmail.com







FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017